# ਮਿਸ਼ਨ ਰੈਡ ਸਕਾਈ ਤਹਿਤ ਸੁਲਤਾਨਪੁਰ ਲੋਧੀ ਵਿਖੇ ਕੈਂਪ ਅੱਜ

ਪੰਜਾਬ ਸਰਕਾਰ ਵਲੋਂ ਮਿਸ਼ਨ ਰੈਡ ਸਕਾਈ ਤਹਿਤ ਸੁਲਤਾਨਪੁਰ ਲੋਧੀ ਬਲਾਕ ਵਿਚ ਪਲੇਸਮੈਂਟ ਕੈਂਪ ਅੱਜ 14 ਜੁਲਾਈ ਨੂੰ ਲਗਾਇਆ ਜਾ ਰਿਹਾ ਹੈ। ਜਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੀ ਮੁਖੀ ਸ਼੍ਰੀਮਤੀ ਨੀਲਮ ਮਹੇ ਨੇ ਦੱਸਿਆ ਕਿ ਕੈਂਪ ਵਿਚ ਤਿੰਨ ਕੰਪਨੀਆਂ ਭਾਗ ਲੈ ਰਹੀਆਂ ਹਨ, ਜਿਨ੍ਹਾਂ ਵਿਚ ਭਰਤੀ ਲਈ ਅੱਠਵੀਂ ਤੋਂ ਪੋਸਟ ਗ੍ਰੈਜੂਏਸ਼ਨ ਦੀ ਯੋਗਤਾ ਵਾਲੇ ਪ੍ਰਾਰਥੀ ਭਾਗ ਲੈ ਸਕਦੇ ਹਨ।

ਕੈਂਪ ਸਵੇਰੇ 9 ਵਜੇ ਬੀ.ਡੀ.ਪੀ.ਓ. ਦਫਤਰ ਵਿਖੇ ਲੱਗੇਗੇ। ਵਧੇਰੇ ਜਾਣਕਾਰੀ ਲਈ ਜਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਹੈਲਪਲਾਇਨ ਨੰਬਰ 98882-19247 ’ਤੇ ਸੰਪਰਕ ਕੀਤਾ ਜਾ ਸਕਦਾ ਹੈ।